**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**18:20 Pm**

**ਮਿਤੀ: 02-09-2024**

- ਸਰਵਉੱਚ ਅਦਾਲਤ ਨੇ ਸ਼ੰਭੂ ਬਾਰਡਰ 'ਤੇ ਪ੍ਰਦਰਸ਼ਨ ਕਰ ਰਹੇ ਕਿਸਾਨਾਂ ਦੀਆਂ ਸ਼ਿਕਾਇਤਾਂ ਨੂੰ ਸੁਲਝਾਉਣ ਲਈ, ਪੰਜਾਬ ਤੇ ਹਰਿਆਣਾ ਹਾਈਕੋਰਟ ਦੇ ਸਾਬਕਾ ਜੱਜ, ਜਸਟਿਸ ਨਵਾਬ ਸਿੰਘ ਦੀ ਅਗਵਾਈ ਵਿੱਚ ਇੱਕ ਕਮੇਟੀ ਦਾ ਗਠਨ ਕੀਤਾ ਏ ।
- ਪੰਜਾਬ ਵਿਧਾਨ ਸਭਾ ਦਾ ਇਜਲਾਸ ਅੱਜ, ਪਿਛਲੇ ਇਜਲਾਸ ਤੋਂ ਬਾਅਦ ਵਿਛੜਿਆਂ ਰੂਹਾਂ ਨੂੰ ਸ਼ਰਧਾਂਜਲੀ ਦੇਣ ਨਾਲ ਸ਼ੁਰੂ ਹੋਇਆ ।
- ਪੰਜਾਬ ਦੇ ਨੌਜਵਾਨਾਂ ਦੀ ਯੋਗਤਾ ਅਤੇ ਉੱਦਮੀ ਹੁਨਰ ਨੂੰ ਉਤਸ਼ਾਹਿਤ ਕਰਨ ਵਾਸਤੇ, ਪੰਜਾਬ ਹੁਨਰ ਵਿਕਾਸ ਮਿਸ਼ਨ ਨੇ, ਰੈਨਾ ਐਜੂਕੇਸ਼ਨ ਫਾਊਂਡੇਸ਼ਨ ਨਾਲ ਸਮਝੌਤਾ ਸਹੀਬੱਧ ਕੀਤਾ ਏ।
- ਪੈਰਿਸ ਪੈਰਾਲੰਪਿਕ ਵਿੱਚ ਯੋਗੇਸ਼ ਕਥੁਨੀਆ ਨੇ ਪੁਰਸ਼ਾਂ ਦੇ ਡਿਸਕਸ ਥਰੋਅ F56 ਦੇ ਫਾਈਨਲ ਵਿੱਚ ਚਾਂਦੀ ਦਾ ਤਗ਼ਮਾ

ਜਿੱਤਿਆ -ਰਾਸ਼ਟਰਪਤੀ ਤੇ ਉਪ ਰਾਸ਼ਟਰਪਤੀ ਨੇ ਯੋਗੇਸ਼ ਕਥੁਨੀਆ ਨੂੰ ਵਧਾਈ ਦਿੱਤੀ ।

---------------------------------------------------

ਸਰਵਉੱਚ ਅਦਾਲਤ ਨੇ ਸ਼ੰਭੂ ਬਾਰਡਰ 'ਤੇ ਪ੍ਰਦਰਸ਼ਨ ਕਰ ਰਹੇ ਕਿਸਾਨਾਂ ਦੀਆਂ ਸ਼ਿਕਾਇਤਾਂ ਨੂੰ ਸੁਲਝਾਉਣ ਲਈ, ਪੰਜਾਬ ਤੇ ਹਰਿਆਣਾ ਹਾਈਕੋਰਟ ਦੇ ਸਾਬਕਾ ਜੱਜ, ਜਸਟਿਸ ਨਵਾਬ ਸਿੰਘ ਦੀ ਅਗਵਾਈ ਵਿੱਚ ਇੱਕ ਕਮੇਟੀ ਦਾ ਗਠਨ ਕੀਤਾ ਏ। ਜਸਟਿਸ ਸੂਰਿਆ ਕਾਂਤ ਅਤੇ ਉੱਜਲ ਭੁਆਨ ਦੇ ਬੈਂਚ ਨੇ ਕਮੇਟੀ ਨੂੰ, ਇੱਕ ਹਫ਼ਤੇ ਅੰਦਰ ਪਹਿਲੀ ਮੀਟਿੰਗ ਕਰਨ ਦਾ ਨਿਰਦੇਸ਼ ਦਿੱਤੇ। ਸਰਵਉੱਚ ਅਦਾਲਤ ਨੇ ਕਿਹਾ ਕਿ ਕਿਸਾਨਾਂ ਦੇ ਮੁੱਦਿਆਂ ਦਾ ਸਿਆਸੀਕਰਨ ਨਹੀਂ ਹੋਣਾ ਚਾਹੀਦਾ ਅਤੇ ਕਮੇਟੀ ਵੱਲੋਂ ਪੜਾਅਵਾਰ ਵਿਚਾਰ ਕੀਤਾ ਜਾਣਾ ਚਾਹੀਦਾ ਏ। ਸਿਖਰਲੀ ਅਦਾਲਤ ਨੇ ਇਹ ਵੀ ਕਿਹਾ ਕਿ ਕਿਸਾਨਾਂ ਨੂੰ ਆਪਣੇ ਸ਼ਾਂਤਮਈ ਅੰਦੋਲਨ ਨੂੰ ਬਦਲਵੇਂ ਸਥਾਨਾਂ 'ਤੇ ਤਬਦੀਲ ਕਰਨ ਦੀ ਆਜ਼ਾਦੀ ਹੋਵੇਗੀ । ਸਰਵਉੱਚ ਅਦਾਲਤ ਹਰਿਆਣਾ ਸਰਕਾਰ ਦੀ ਉਸ ਪਟੀਸ਼ਨ 'ਤੇ ਸੁਣਵਾਈ ਕਰ ਰਹੀ ਸੀ, ਜਿਸ 'ਚ ਹਾਈਕੋਰਟ ਦੇ, ਉਸ ਹੁਕਮ ਨੂੰ

ਚੁਣੌਤੀ ਦਿੱਤੀ ਗਈ, ਜਿਸ ਨੂੰ ਇਕ ਹਫਤੇ ਦੇ ਅੰਦਰ-ਅੰਦਰ ਅੰਬਾਲਾ ਨੇੜੇ ਸ਼ੰਭੂ ਸਰਹੱਦ 'ਤੇ ਖੜ੍ਹੇ ਕੀਤੇ ਬੈਰੀਕੇਡਾਂ ਨੂੰ ਹਟਾਉਣ ਲਈ ਕਿਹਾ ਗਿਆ ਸੀ। ਪ੍ਰਦਰਸ਼ਨਕਾਰੀ ਕਿਸਾਨ 13 ਫਰਵਰੀ ਤੋਂ ਇਥੇ ਬੈਠੇ ਹੋਏ ਨੇ।

-----------------------------------------------------------

ਸੜਕ ਆਵਾਜਾਈ ਅਤੇ ਕੌਮੀ ਸ਼ਾਹਰਾਹ ਮੰਤਰੀ ਨਿਤਿਨ ਗਡਕਰੀ ਨੇ ਕਿਹਾ ਕਿ ਜੈਵਿਕ ਈਂਧਨ ਖੇਤਰ ਵਿੱਚ, ਦੇਸ਼ ਦੇ ਖੇਤੀਬਾੜੀ ਅਤੇ ਪੇਂਡੂ ਖੇਤਰਾਂ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਣ ਦੀ ਵੱਡੀ ਸਮਰੱਥਾ ਐ। ਨਿਤਿਨ ਗਡਕਰੀ ਨੇ ਕਿਹਾ ਕਿ ਦੁਨੀਆ ਦੀ ਤੀਜੀ ਸਭ ਤੋਂ ਵੱਡੀ ਅਰਥ-ਵਿਵਸਥਾ ਬਣਨ ਲਈ ਭਾਰਤ ਨੂੰ ਦਰਾਮਦ ਘਟਾਉਣ ਅਤੇ ਬਰਾਮਦ ਵਧਾਉਣ ਦੀ ਲੋੜ ਏ। ਉਨ੍ਹਾਂ ਇਹ ਗੱਲ ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰੀ ਹਰਦੀਪ ਸਿੰਘ ਪੁਰੀ ਦੇ ਨਾਲ ਨਵੀਂ ਦਿੱਲੀ ਵਿੱਚ ਇੰਡੀਆ ਬਾਇਓ-ਐਨਰਜੀ ਐਂਡ ਟੈਕ ਐਕਸਪੋ-2024 ਅਤੇ ਕੌਮਾਂਤਰੀ ਜੈਵ ਊਰਜਾ ਅਤੇ ਤਕਨਾਲੋਜੀ ਕਾਨਫਰੰਸ ਦੇ ਉਦਘਾਟਨ ਮੌਕੇ ਕਹੀ।

---

ਪੰਜਾਬ ਵਿਧਾਨ ਸਭਾ ਦਾ ਇਜਲਾਸ ਅੱਜ, ਪਿਛਲੇ ਇਜਲਾਸ ਤੋਂ ਬਾਅਦ ਵਿਛੜਿਆਂ ਰੂਹਾਂ ਨੂੰ ਸ਼ਰਧਾਂਜਲੀ ਦੇਣ ਨਾਲ ਸ਼ੁਰੂ ਹੋਇਆ । ਪੰਜਾਬ ਵਿਧਾਨ ਸਭਾ ਨੇ ਪਿਛਲੇ ਇਜਲਾਸ ਤੋਂ ਬਾਅਦ ਵਿਛੜ ਚੁੱਕੀਆਂ ਉੱਘੀਆਂ ਸ਼ਖਸੀਅਤਾਂ, ਆਜ਼ਾਦੀ ਘੁਲਾਟੀਆਂ, ਪੱਤਰਕਾਰ ਤੋਂ ਇਲਾਵਾ ਸਿਆਸੀ ਹਸਤੀਆਂ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ। 16ਵੀਂ ਵਿਧਾਨ ਸਭਾ ਦੇ ਸੱਤਵੇਂ ਸੈਸ਼ਨ ਵਿਚ ਸਦਨ ਨੇ ਪੰਜਾਬ ਵਿਧਾਨ ਸਭਾ ਦੇ ਸਾਬਕਾ ਸਪੀਕਰ ਸੁਰਜੀਤ ਸਿੰਘ ਮਿਨਹਾਸ, ਸਾਬਕਾ ਮੰਤਰੀ ਸੁਖਦੇਵ ਸਿੰਘ ਢਿੱਲੋਂ, ਸਾਬਕਾ ਰਾਜ ਮੰਤਰੀ ਸੁਰਜੀਤ ਸਿੰਘ ਕੋਹਲੀ, ਸਾਬਕਾ ਲੋਕ ਸਭਾ ਮੈਂਬਰ ਕਮਲ ਚੌਧਰੀ, ਸਾਬਕਾ ਰਾਜ ਸਭਾ ਮੈਂਬਰ ਗੁਰਚਰਨ ਕੌਰ, ਸਾਬਕਾ ਵਿਧਾਇਕ ਧਨਵੰਤ ਸਿੰਘ, ਆਜ਼ਾਦੀ ਘੁਲਾਟੀਏ ਸਰਦੂਲ ਸਿੰਘ, ਕਸ਼ਮੀਰ ਸਿੰਘ, ਗੁਰਦੇਵ ਸਿੰਘ, ਜਗਦੀਸ਼ ਪ੍ਰਸ਼ਾਦ, ਉੱਘੇ ਲੇਖਕ ਤੇ ਕਵੀ ਡਾ. ਸੁਰਜੀਤ ਪਾਤਰ, ‘ਸਪੋਕਸਮੈਨ’ ਅਖਬਾਰ ਦੇ ਸੰਸਥਾਪਕ ਜੋਗਿੰਦਰ ਸਿੰਘ, ‘ਪਹਿਰੇਦਾਰ’ ਅਖਬਾਰ ਦੇ ਸੰਪਾਦਕ ਜਸਪਾਲ ਸਿੰਘ ਹੇਰਾਂ ਤੋਂ ਇਲਾਵਾ ਨਕੋਦਰ ਤੋਂ ਵਿਧਾਇਕਾ ਇੰਦਰਜੀਤ ਕੌਰ ਮਾਨ ਦੇ

ਮਾਤਾ ਜਸਬੀਰ ਕੌਰ ਲਾਲੀ ਅਤੇ ਪਤੀ ਸ਼ਰਨਜੀਤ ਸਿੰਘ ਮਾਨ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ । ਇਸ ਦੌਰਾਨ ਸਤਿਕਾਰ ਵਜੋਂ ਵਿਛੜ ਚੁੱਕੀਆਂ ਹਸਤੀਆਂ ਦੀ ਯਾਦ ਵਿਚ ਦੋ ਮਿੰਟ ਦਾ ਮੌਨ ਰੱਖਿਆ ਗਿਆ।

---------------------------------------------------------------

ਰੋਜ਼ਗਾਰ ਦੇ ਬਦਲਦੇ ਰੁਝਾਨਾਂ ਮੁਤਾਬਕ ਪੰਜਾਬ ਦੇ ਨੌਜਵਾਨਾਂ ਦੀ ਯੋਗਤਾ ਅਤੇ ਉੱਦਮੀ ਹੁਨਰ ਨੂੰ ਉਤਸ਼ਾਹਿਤ ਕਰਨ ਵਾਸਤੇ, ਪੰਜਾਬ ਹੁਨਰ ਵਿਕਾਸ ਮਿਸ਼ਨ ਨੇ, ਰੈਨਾ ਐਜੂਕੇਸ਼ਨ ਫਾਊਂਡੇਸ਼ਨ ਨਾਲ ਸਮਝੌਤਾ ਸਹੀਬੱਧ ਕੀਤਾ ਏ। ਇਸ ਮੌਕੇ ਪੰਜਾਬ ਦੇ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਮੰਤਰੀ ਅਮਨ ਅਰੋੜਾ ਵੀ ਮੌਜੂਦ ਰਹੇ । ਇਸ ਭਾਈਵਾਲੀ ਦਾ ਉਦੇਸ਼ ਰੋਜ਼ਗਾਰ ਸਬੰਧੀ ਸਿਖਲਾਈ, ਹੁਨਰ ਵਿਕਾਸ, ਇੰਟਰਨਸ਼ਿਪਸ ਅਤੇ ਨੌਕਰੀ ਦੀ ਪੇਸ਼ਕਸ਼ ਕਰਕੇ ਪੰਜਾਬ ਦੇ ਨੌਜਵਾਨਾਂ ਨੂੰ ਹੁਨਰਮੰਦ ਬਣਾਉਣਾ ਏ । ਮਿਸ਼ਨ ਡਾਇਰੈਕਟਰ ਅੰਮ੍ਰਿਤ ਸਿੰਘ ਨੇ ਦੱਸਿਆ ਕਿ ਇਸ ਪਹਿਲਕਦਮੀ ਨੂੰ ਆਨਲਾਈਨ ਅਤੇ ਆਫ਼ਲਾਈਨ ਢੰਗ ਨਾਲ ਇੱਕ ਹਾਈਬ੍ਰਿਡ ਮਾਡਲ ਰਾਹੀਂ ਲਾਗੂ ਕੀਤਾ ਜਾਵੇਗਾ, ਜਿਸ ਵਿੱਚ ਹਿੱਸਾ ਲੈਣ ਵਾਲਿਆਂ ਲਈ ਕੋਈ ਫ਼ੀਸ ਨਹੀਂ ਹੋਵੇਗੀ। ਉਨ੍ਹਾਂ ਕਿਹਾ

ਕਿ ਸ਼ੁਰੂਆਤੀ ਤੌਰ ‘ਤੇ 10 ਹਜਾਰ ਯੋਗ ਉਮੀਦਵਾਰਾਂ ਦੇ ਸਮੂਹ ਵਿੱਚੋਂ ਸਿਖਰਲੇ ਇਕ  ਹਜਾਰ ਉਮੀਦਵਾਰਾਂ ਦੀ ਚੋਣ ਸਮੂਹ ਦੇ ਸਲਾਹਕਾਰ ਅਤੇ ਸਿਖਲਾਈ-ਕਰਤਾ ਵਜੋਂ ਕੀਤੀ ਜਾਵੇਗੀ।

---------------------------------------------------------------

ਰਿਆਤ ਬਾਹਰਾ ਯੂਨੀਵਰਸਿਟੀ ਨੇ, ''ਰੇਡੀਓਲੋਜੀ ਵਿੱਚ ਪ੍ਰੈਸ਼ਰ ਇੰਜੈਕਟਰਾਂ ਦੀ ਵਰਤੋਂ'' ਬਾਰੇ ਦੋ ਰੋਜ਼ਾ ਵਰਕਸ਼ਾਪ ਕਰਵਾਈ ਏ। ਵਰਕਸ਼ਾਪ ਵਿਸ਼ੇਸ਼ ਤੌਰ 'ਤੇ ਆਰ.ਬੀ.ਯੂ ਦੇ ਵਿਦਿਆਰਥੀਆਂ ਦੇ ਮੈਡੀਕਲ ਰੇਡੀਓਲੋਜੀ ਦੇ ਵਿਦਿਆਰਥੀਆਂ ਲਈ ਸੀ। ਇਸ ਰਾਹੀਂ ਪ੍ਰੈਸ਼ਰ ਇੰਜੈਕਟਰਾਂ ਦੀ ਵਰਤੋਂ ਵਿੱਚ ਸਿਧਾਂਤਕ ਗਿਆਨ ਅਤੇ ਵਿਹਾਰਕ ਅਨੁਭਵ ਪ੍ਰਾਪਤ ਕਰਨ ਦਾ ਇੱਕ ਵਿਲੱਖਣ ਮੌਕਾ ਪ੍ਰਦਾਨ ਕੀਤਾ ਗਿਆ। ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਨੇ ਵਰਕਸ਼ਾਪ ਕਰਵਾਉਣ ਦੇ ਉਪਰਾਲੇ ਦੀ ਸ਼ਲਾਘਾ ਕੀਤੀ ਏ। ਵਰਕਸ਼ਾਪ ਦੀ ਸ਼ੁਰੂਆਤ ਭਾਗੀਦਾਰਾਂ ਨੂੰ ਰੇਡੀਓਲੋਜੀ ਵਿੱਚ ਪ੍ਰੈਸ਼ਰ ਇੰਜੈਕਟਰਾਂ ਦੀਆਂ ਵੱਖ-ਵੱਖ ਕਿਸਮਾਂ, ਵਿਧੀਆਂ ਅਤੇ ਕਲੀਨਿਕਲ ਐਪਲੀਕੇਸ਼ਨਾਂ ਦੀ ਬੁਨਿਆਦੀ ਸਮਝ ਪ੍ਰਦਾਨ ਕਰਨ ਲਈ ਤਿਆਰ ਕੀਤੇ ਗਏ ਸਿਧਾਂਤਕ ਸੈਸ਼ਨਾਂ ਨਾਲ ਹੋਈ।

ਵਰਕਸ਼ਾਪ ਦਾ ਦੂਜਾ ਭਾਗ ਹੈਂਡ-ਆਨ ਟ੍ਰੇਨਿੰਗ ਨੂੰ ਸਮਰਪਿਤ ਰਿਹਾ। ਪ੍ਰੈਕਟੀਕਲ ਸੈਸ਼ਨਾਂ ਦਾ ਆਯੋਜਨ ਕੀਤਾ ਗਿਆ , ਜਿਸ ਨਾਲ ਵਿਦਿਆਰਥੀਆਂ ਨੂੰ ਸਾਜ਼ੋ-ਸਾਮਾਨ, ਸੰਚਾਲਨ ਦੇ ਪਹਿਲੂਆਂ ਨੂੰ ਸਿੱਖਣ ਅਤੇ ਪ੍ਰੈਸ਼ਰ ਇੰਜੈਕਟਰਾਂ ਦੀ ਵਰਤੋਂ ਨਾਲ ਜੁੜੇ ਵੱਖ-ਵੱਖ ਮਾਪਦੰਡਾਂ ਨੂੰ ਸਮਝਣ ਦੀ ਜਾਣਕਾਰੀ ਦਿੱਤੀ ਗਈ ਸੀ। ਇਸ ਦਾ ਉਦੇਸ਼ ਇਸ ਆਧੁਨਿਕ ਰੇਡੀਓਲੋਜੀਕਲ ਉਪਕਰਣਾਂ ਨੂੰ ਸੰਭਾਲਣ ਵਿੱਚ ਭਾਗੀਦਾਰਾਂ ਦੇ ਵਿਸ਼ਵਾਸ ਅਤੇ ਯੋਗਤਾ ਨੂੰ ਵਧਾਉਣਾ ਸੀ।

-----------------------------------------------------

ਬਰਨਾਲਾ ਪੁਲਿਸ ਵਲੋਂ ਅੱਜ ਨਸ਼ਾ ਵਿਰੋਧੀ ਮੈਰਾਥਨ, ਵਾਕਾਥਨ ਅਤੇ ਸਾਈਕਲ ਰੈਲੀ ਕਰਵਾਈ ਗਈ। ਬਰਨਾਲਾ ਦੇ ਐਸ ਐਸ ਪੀ ਸੰਦੀਪ ਕੁਮਾਰ ਮਲਿਕ ਦੀ ਅਗਵਾਈ ਵਿੱਚ ਕਰਵਾਈ ਗਈ ਇਸ ਰੈਲੀ ਵਿਚ ਪੁਲਿਸ ਮੁਲਾਜ਼ਮਾਂ ਅਤੇ ਸੀਨੀਅਰ ਅਧਿਕਾਰੀਆਂ ਸਮੇਤ ਵੱਡੀ ਗਿਣਤੀ ਵਿੱਚ ਨੌਜਵਾਨਾਂ ਨੇ ਸ਼ਮੂਲੀਅਤ ਕੀਤੀ। ਐਸ ਐਸ ਪੀ ਸੰਦੀਪ ਕੁਮਾਰ ਮਲਿਕ ਨੇ ਕਿਹਾ ਕਿ ਸਾਡਾ ਉਦੇਸ਼ ਸਿਹਤਮੰਦ ਸਮਾਜ ਦੀ ਸਿਰਜਣਾ ਕਰਨਾ ਏ।

**BYTE:**

ਇਸ ਮੌਕੇ ਲੈਣ ਵਾਲਿਆਂ ਨੂੰ ਸਰਟੀਫਿਕੇਟ ਵੀ ਦਿੱਤੇ ਗਏ ।

---------------------------------------------------------------

ਖਰੜ ਦੇ ਸੀ. ਆਈ. ਏ. ਸਟਾਫ ਨੇ, 3 ਕਥਿਤ ਦੋਸ਼ੀਆਂ ਨੂੰ ਗ੍ਰਿਫਤਾਰ ਕਰਕੇ, ਉਨ੍ਹਾਂ ਪਾਸੋਂ ਸਾਢੇ 4 ਕਿਲੋਗ੍ਰਾਮ  ਅਫੀਮ ਅਤੇ ਡੇਢ ਲੱਖ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਏ । ਜਾਂਚ ਬਾਰੇ ਪੁਲਿਸ ਉਪ ਕਤਪਾਨ ਤਲਵਿੰਦਰ ਸਿੰਘ ਨੇ ਦੱਸਿਆ ਕਿ ਪੁਲਿਸ ਨੇ ਇਨਾ ਨੂੰ ਪਿੰਡ ਕੰਬਾਲ਼ਾ ਨੇੜਿਓਂ ਕਾਬੂ ਕੀਤਾ । ਮੁਲਜ਼ਮਾਂ ਦੀ ਪਛਾਣ ਉਤਰ ਪ੍ਰਦੇਸ਼ ਦੇ ਪਿੰਡ ਝਾਂਕਰਾ ਵਾਸੀ ਰਵੀ ਕੁਮਾਰ, ਜ਼ਿਲ੍ਹਾ ਬਰੇਲੀ ਦੇ  ਵਿਸ਼ਨੂੰ ਅਤੇ ਵਰਜੇਸ਼ ਵਜੋਂ ਹੋਈ ਏ। ਇਹ ਝਾਰਖੰਡ ਤੋਂ ਭਾਰੀ ਮਾਤਰਾ ਵਿੱਚ ਅਫੀਮ ਲਿਆ ਕੇ ਜ਼ਿਲ੍ਹਾ ਮੋਹਾਲੀ ਅਤੇ ਪੰਜਾਬ ਵਿੱਚ ਵੱਖ ਵੱਖ ਥਾਵਾਂ ‘ਤੇ ਸਪਲਾਈ ਕਰਦੇ ਸਨ । ਤਿੰਨਾਂ  ਮੁਲਜ਼ਮਾਂ ਨੂੰ ਅਦਾਲਤ ਵਿੱਚ ਪੇਸ਼ ਕਰਕੇ ਪੁਲਿਸ ਰਿਮਾਂਡ ਹਾਸਿਲ ਕੀਤਾ ਗਿਆ । ਦੋਸ਼ੀਆਂ ਪਾਸੋਂ ਹੋਰ ਪੁੱਛਗਿੱਛ ਕੀਤੀ ਜਾ ਰਹੀ ਏ।

---------------------------------------------------------------

ਬਠਿੰਡਾ ਵਿਚ ਕਾਰਜਕਾਰੀ ਸਿਵਲ ਸਰਜਨ ਡਾ. ਨਵਦੀਪ ਕੌਰ ਸਰਾਂ ਦੀ ਦੇਖ-ਰੇਖ ਵਿੱਚ, ਜ਼ਿਲ੍ਹੇ 'ਚ 7 ਸਤੰਬਰ ਤੱਕ @Feeding Smart Right From Start" ਥੀਮ ਹੇਠ, ਕੌਮੀ ਖੁਰਾਕ ਹਫ਼ਤਾ ਮਨਾਇਆ ਜਾ ਰਿਹੈ। ਡਾ. ਸਰਾਂ ਨੇ ਦੱਸਿਆ ਕਿ ਕੌਮੀ ਖੁਰਾਕ ਹਫ਼ਤੇ ਦਾ ਉਦੇਸ਼ ਗਰਭਵਤੀ ਔਰਤਾਂ, ਨਵ ਜੰਮੇ ਬੱਚਿਆਂ ਅਤੇ ਕਿਸ਼ੋਰ ਅਵਸਥਾ ਵਾਲੇ ਬੱਚਿਆਂ ਦੇ ਨਾਲ-ਨਾਲ ਹਰ ਉਮਰ ਵਰਗ ਦੇ ਲੋਕਾਂ ਨੂੰ ਸੰਤੁਲਿਤ ਭੋਜਨ ਤੇ ਸੰਤੁਲਿਤ ਭੋਜਨ ਦੇ ਸੋਮਿਆਂ ਸਬੰਧੀ ਜਾਗਰੂਕ ਕਰਨਾ ਏ। ਜ਼ਿਲ੍ਹਾ ਡਿਪਟੀ ਮਾਸ ਮੀਡੀਆ ਅਫਸਰ ਮਲਕੀਤ ਕੌਰ ਨੇ ਦੱਸਿਆ ਕਿ ਗਰਭਵਤੀ ਮਾਵਾਂ ਨੂੰ ਆਪਣੇ ਬੱਚੇ ਦੀ ਖੁਰਾਕ ਦਾ ਧਿਆਨ ਰੱਖ ਕੇ ਸਾਫ਼ ਸੁਥਰਾ ਅਤੇ ਸੰਤੁਲਿਤ ਭੋਜਨ ਖਾਣਾ ਚਾਹੀਦਾ ਏ ਅਤੇ ਕਿਸੇ ਮਾਹਿਰ ਡਾਕਟਰ ਤੋਂ ਘੱਟੋ-ਘੱਟ 4 ਵਾਰ ਚੈਕਅੱਪ ਕਰਵਾਉਣਾ ਚਾਹੀਦਾ ਏ।

---------------------------------------------------------------

ਪੈਰਿਸ ਪੈਰਾਲੰਪਿਕ ਵਿੱਚ ਯੋਗੇਸ਼ ਕਥੁਨੀਆ ਨੇ ਪੁਰਸ਼ਾਂ ਦੇ ਡਿਸਕਸ ਥਰੋਅ F56 ਦੇ ਫਾਈਨਲ ਵਿੱਚ ਚਾਂਦੀ ਦਾ ਤਗ਼ਮਾ ਜਿੱਤਿਆ ਏ।

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਯੋਗੇਸ਼ ਕਥੁਨੀਆ ਨੂੰ ਵਧਾਈ ਦਿੱਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਰਾਸ਼ਟਰਪਤੀ ਨੇ ਕਿਹਾ ਕਿ ਉਨ੍ਹਾਂ ਲਗਾਤਾਰ ਦੋ ਪੈਰਾਲੰਪਿਕ ਵਿੱਚ ਤਗਮੇ ਜਿੱਤ ਕੇ ਆਪਣੇ ਇਰਾਦੇ ਅਤੇ ਨਿਰੰਤਰਤਾ ਨੂੰ ਸਾਬਤ ਕੀਤਾ ਏ। ਰਾਸ਼ਟਰਪਤੀ ਮੁਰਮੂ ਨੇ ਕਾਮਨਾ ਕੀਤੀ ਕਿ ਉਹ, ਮਜ਼ਬੂਤੀ ਨਾਲ ਅੱਗੇ ਵਧਦੇ ਰਹਿਣ ਅਤੇ ਦੇਸ਼ ਦਾ ਮਾਣ ਵਧਾਉਂਦੇ ਰਹਿਣ। ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ ਪੈਰਿਸ ਪੈਰਾਲੰਪਿਕ ਵਿੱਚ ਚਾਂਦੀ ਦਾ ਤਗਮਾ ਜਿੱਤਣ ਲਈ ਯੋਗੇਸ਼ ਕਥੁਨੀਆ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਉਪ ਰਾਸ਼ਟਰਪਤੀ ਨੇ ਕਿਹਾ ਕਿ ਉਨ੍ਹਾਂ ਦਾ ਲਗਾਤਾਰ ਪ੍ਰਦਰਸ਼ਨ ਉਨ੍ਹਾਂ ਦੀ ਵਚਨਬੱਧਤਾ ਅਤੇ ਸਖ਼ਤ ਮਿਹਨਤ ਦਾ ਪ੍ਰਮਾਣ ਏ।

---------------------------------------------------------

ਭਾਰਤ ਦੀ ਪੈਰਾ-ਸ਼ਟਲਰ ਤੁਲਸੀਮਤੀ ਮੁਰੂਗੇਸਨ ਨੇ, ਪੈਰਿਸ ਪੈਰਾਲੰਪਿਕ ਵਿੱਚ ਮਹਿਲਾ SU-5 ਬੈਡਮਿੰਟਨ ਮੁਕਾਬਲੇ ਵਿੱਚ ਹਮਵਤਨ ਮਨੀਸ਼ਾ ਰਾਮਦਾਸ ਨੂੰ ਹਰਾ ਕੇ ਫਾਈਨਲ ਵਿੱਚ ਥਾਂ ਬਣਾ ਲਈ ਏ। ਚੋਟੀ ਦਾ ਦਰਜਾ ਪ੍ਰਾਪਤ ਮੁਰੁਗੇਸਨ ਨੇ ਬੀਤੀ ਰਾਤ ਸੈਮੀ-

ਫਾਈਨਲ 'ਚ ਮਨੀਸ਼ਾ ਨੂੰ 23-21, 21-17 ਨਾਲ ਹਰਾਇਆ। ਇਸ ਜਿੱਤ ਨਾਲ ਮੁਰੁਗੇਸਨ ਨੇ ਚਾਂਦੀ ਦਾ ਤਗਮਾ ਪੱਕਾ ਕਰ ਲਿਆ ਏ । ਫਾਈਨਲ ਵਿੱਚ ਉਸਦਾ ਸਾਹਮਣਾ ਚੀਨ ਦੀ ਯਾਂਗ ਕਿਊਸ਼ੀਆ ਨਾਲ ਹੋਵੇਗਾ।

---------------------------------------------------------------

ਫ਼ਤਹਿਗੜ੍ਹ ਵਿਖੇ ਜ਼ਿਲ੍ਹਾ ਖੇਡ ਅਫਸਰ ਗੁਰਦੀਪ ਕੌਰ ਨੇ ਦੱਸਿਆ ਕਿ "ਖੇਡਾਂ ਵਤਨ ਪੰਜਾਬ ਦੀਆਂ" ਤਹਿਤ 9 ਸਤੰਬਰ ਤੱਕ ਬਲਾਕ ਪੱਧਰ ਦੀਆਂ ਖੇਡਾਂ ਕਰਵਾਈਆਂ ਜਾ ਰਹੀਆਂ ਨੇ । ਉਨ੍ਹਾਂ ਦੱਸਿਆ ਕਿ ਬਲਾਕ ਪੱਧਰੀ ਖੇਡਾਂ ਦੇ ਪਹਿਲੇ ਦਿਨ 100 ਮੀਟਰ ਦੌੜ ਵਿੱਚ ਮਨਪ੍ਰੀਤ ਲਖੋਤਾ ਨੇ ਪਹਿਲਾ ਸਥਾਨ, ਵਨਸ਼ਦੀਪ ਸਿੰਘ ਨੇ ਦੂਜਾ ਸਥਾਨ ਅਤੇ ਹਰਮਨ ਸਿੰਘ ਨੇ ਤੀਜਾ ਸਥਾਨ ਹਾਸਲ ਕੀਤਾ । ਕਬੱਡੀ ਨੈਸ਼ਨਲ ਸਟਾਈਲ ਲੜਕੇ ਅੰਡਰ-17 ਵਿੱਚ ਪਿੰਡ ਮਾਧੋਪੁਰ ਦੀ ਟੀਮ ਨੇ ਕੋਚਿੰਗ ਸੈਂਟਰ ਬਾਬਾ ਬੰਦਾ ਸਿੰਘ ਬਹਾਦਰ ਇੰਜ.ਕਾਲਜ ਦੀ ਟੀਮ ਨੂੰ ਹਰਾ ਕੇ ਪਹਿਲਾ ਸਥਾਨ ਹਾਸਲ ਕੀਤਾ ।

---------------------------------------------------------------

ਜ਼ਿਲਾ ਪੁਲਿਸ ਸੰਗਰੂਰ ਵੱਲੋਂ ਪਿਛਲੇ ਇੱਕ ਹਫਤੇ ਅੰਦਰ ਨਸ਼ਾ ਤਸਕਰੀ

ਕਰਨ ਵਾਲਿਆਂ ਖਿਲਾਫ 11 ਮਾਮਲੇ  ਦਰਜ ਕਰਕੇ  12 ਵਿਅਕਤੀਆਂ ਨੂੰ ਗ੍ਰਫਤਾਰ ਕੀਤਾ ਏ । ਜਿਲਾ ਪੁਲਿਸ ਮੁਖੀ ਸਰਤਾਜ ਸਿੰਘ ਚਾਹਲ ਨੇ ਦੱਸਿਆ ਕਿ ਜਿਲ੍ਹਾ ਪੁਲਿਸ ਵੱਲੋਂ ਨਸ਼ਿਆਂ ਅਤੇ ਸਮਾਜ ਵਿਰੋਧੀ ਅਨਸਰਾਂ ਖਿਲਾਫ ਚਲਾਈ ਗਈ ਮੁਹਿੰੰਮ ਦੌਰਾਨ ਕਾਰਵਾਈ ਕਰਦੇ ਹੋਏ 24 ਅਗਸਤ ਤੋਂ 31 ਅਗਸਤ ਤੱਕਨਸ਼ਿਆਂ ਨੂੰ ਰੋਕਣ ਬਾਰੇ ਐਕਟ ਤਹਿਤ 8 ਮੁਕੱਦਮੇ ਦਰਜ ਕਰਕੇ 9 ਵਿਅਕਤੀ ਕਾਬੂ ਕੀਤੇ ਗਏ ਹਨ ਜਦ ਕਿ ਸ਼ਰਾਬ ਦਾ ਧੰਦਾ ਕਰਨ ਵਾਲਿਆਂ ਖ਼ਿਲਾਫ਼ ਐਕਸਾਈਜ਼ ਐਕਟ ਤਹਿਤ 3 ਮੁਕੱਦਮੇ ਦਰਜ ਕਰਕੇ 3 ਵਿਅਕਤੀਆਂ ਨੂੰ ਕਾਬੂ ਕੀਤਾ ਗਿਆ। ਉਨ੍ਹਾਂ ਦੱਸਿਆ ਕਿ 24 ਤੋਂ 31 ਅਗਸਤ ਤੱਕ  10 ਗ੍ਰਾਮ ਹੈਰੋਇਨ, 57 ਕਿੱਲੋ 500 ਗ੍ਰਾਮ ਭੁੱਕੀ ਚੂਰਾ ਪੋਸਤ, 74 ਗ੍ਰਾਮ ਗਾਂਜਾ ਅਤੇ 630 ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ ਗਈਆਂ ਨੇ । ਉਨ੍ਹਾਂ ਦੱਸਿਆ ਕਿ ਐਕਸਾਇਜ ਐਕਟ ਤਹਿਤ 3 ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਕਰੀਬ 70 ਲੀਟਰ ਨਜਾਇਜ਼  ਸ਼ਰਾਬ  ਵੀ ਬਰਾਮਦ ਕੀਤੀ ਗਈ।

---

**<u>ਆਖਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ</u>**

- ਸਰਵਉੱਚ ਅਦਾਲਤ ਨੇ ਸ਼ੰਭੂ ਬਾਰਡਰ 'ਤੇ ਪ੍ਰਦਰਸ਼ਨ ਕਰ ਰਹੇ ਕਿਸਾਨਾਂ ਦੀਆਂ ਸ਼ਿਕਾਇਤਾਂ ਨੂੰ ਸੁਲਝਾਉਣ ਲਈ, ਪੰਜਾਬ ਤੇ ਹਰਿਆਣਾ ਹਾਈਕੋਰਟ ਦੇ ਸਾਬਕਾ ਜੱਜ, ਜਸਟਿਸ ਨਵਾਬ ਸਿੰਘ ਦੀ ਅਗਵਾਈ ਵਿੱਚ ਇੱਕ ਕਮੇਟੀ ਦਾ ਗਠਨ ਕੀਤਾ ਏ।
- ਪੰਜਾਬ ਵਿਧਾਨ ਸਭਾ ਦਾ ਇਜਲਾਸ ਅੱਜ, ਪਿਛਲੇ ਇਜਲਾਸ ਤੋਂ ਬਾਅਦ ਵਿਛੜਿਆਂ ਰੂਹਾਂ ਨੂੰ ਸ਼ਰਧਾਂਜਲੀ ਦੇਣ ਨਾਲ ਸ਼ੁਰੂ ਹੋਇਆ।
- ਪੰਜਾਬ ਦੇ ਨੌਜਵਾਨਾਂ ਦੀ ਯੋਗਤਾ ਅਤੇ ਉੱਦਮੀ ਹੁਨਰ ਨੂੰ ਉਤਸ਼ਾਹਿਤ ਕਰਨ ਵਾਸਤੇ, ਪੰਜਾਬ ਹੁਨਰ ਵਿਕਾਸ ਮਿਸ਼ਨ ਨੇ, ਰੈਨਾ ਐਜੂਕੇਸ਼ਨ ਫਾਊਂਡੇਸ਼ਨ ਨਾਲ ਸਮਝੌਤਾ ਸਹੀਬੱਧ ਕੀਤਾ ਏ।
- ਪੈਰਿਸ ਪੈਰਾਲੰਪਿਕ ਵਿੱਚ ਯੋਗੇਸ਼ ਕਥੁਨੀਆ ਨੇ ਪੁਰਸ਼ਾਂ ਦੇ ਡਿਸਕਸ ਥਰੋਅ F56 ਦੇ ਫਾਈਨਲ ਵਿੱਚ ਚਾਂਦੀ ਦਾ ਤਗ਼ਮਾ ਜਿੱਤਿਆ -ਰਾਸ਼ਟਰਪਤੀ ਤੇ ਉਪ ਰਾਸ਼ਟਰਪਤੀ ਨੇ ਯੋਗੇਸ਼ ਕਥੁਨੀਆ ਨੂੰ ਵਧਾਈ ਦਿੱਤੀ ।